Dispatch No. I/24290/2020

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

– ਕਣਕ ਦੇ ਨਾੜ/ਰਹਿੰਦ ਖੂੰਹਦ ਨੂੰ ਅੱਗ ਲਗਾਉਣ ਵਾਲਿਆਂ ਵਿਰੁੱਧ ਹੋਵੇਗੀ ਸਖਤ ਕਾਰਵਾਈ– ਕੁਮਾਰ ਸੌਰਭ ਰਾਜ

– ਮੁਕਦਮੇ ਦਰਜ ਕਰਨ ਤੋਂ ਇਲਾਵਾ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜੁਰਮਾਨੇ ਵੀ ਕੀਤੇ ਜਾਣਗੇ

– ਕਣਕ ਦੇ ਨਾੜ ਨੂੰ ਅੱਗ ਲਗਾਉਣ ਤੇ ਪਹਿਲਾਂ ਹੀ ਪਾਬੰਦੀ ਲੱਗੀ ਹੋਈ ਹੈ

ਫਰੀਦਕੋਟ 13 ਮਈ ( ) ਜ਼ਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਕਣਕ ਦੀ ਕਟਾਈ ਉਪਰੰਤ, ਕਣਕ ਦੇ ਨਾੜ ਅਤੇ ਹੋਰ ਰਹਿੰਦ ਖੂੰਹਦ ਨੂੰ ਅੱਗ ਲਾਉਣ ਵਾਲਿਆਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਅਜਿਹਾ ਕੇਸ ਸਾਹਮਣੇ ਆਵੇਗਾ ਤਾਂ ਉਸ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਧਾਰਾ 144 ਅਧੀਨ ਜ਼ਿਲ੍ਹੇ ਅੰਦਰ ਕਣਕ ਦੇ ਨਾੜ ਅਤੇ ਹੋਰ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ।

ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿਚ ਕਈ ਲੋਕਾਂ ਤੋਂ ਸ਼ਿਕਾਇਤਾਂ ਆ ਰਹੀਆਂ ਹਨ ਕਿ ਕੁਝ ਕਿਸਾਨਾਂ ਵੱਲੋਂ ਕਣਕ ਦੀ ਕਟਾਈ ਅਤੇ ਤੂੜੀ ਬਣਾਉਣ ਉਪਰੰਤ ਕਣਕ ਦੇ ਨਾੜ ਅਤੇ ਹੋਰ ਰਹਿੰਦ ਖੂੰਹਦ ਨੂੰ ਅੱਗ ਲਗਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕਰੋਨਾ ਮਹਾਂਮਾਰੀ ਤੋਂ ਬਚਾਅ ਲਈ ਲੋਕਾਂ ਵੱਲੋਂ ਪੂਰਾ ਸਮਾਂ ਮਾਸਕ ਪਹਿਨੇ ਜਾ ਰਹੇ ਹਨ ਅਤੇ ਇਸ ਤੋਂ ਇਲਾਵਾ ਕਣਕ ਦੀ ਰਹਿੰਦ ਖੂੰਹਦ ਨਾਲ ਲਗਾਈ ਅੱਗ ਤੂੜੀ ਦੀ ਧੂੜ ਆਦਿ ਨਾਲ ਲੋਕਾਂ ਨੂੰ ਸਾਹ ਲੈਣ ਵਿਚ ਦਿੱਕਤਾਂ ਪੇਸ਼ ਆਉਂਦੀਆਂ ਹਨ।

ਉਨ੍ਹਾਂ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਕਿਸਾਨਾਂ ਨੂੰ ਕਿਹਾ ਕਿ ਜੇਕਰ ਉਹ ਇਸ ਗੈਰ ਕਾਨੂੰਨੀ ਵਰਤਾਰੇ ਤੋਂ ਨਾ ਹਟੇ ਤਾਂ ਉਨ੍ਹਾਂ ਵਿਰੁੱਧ ਜਿਥੇ ਸਖਤ ਕਾਰਵਾਈ ਕਰਕੇ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜੁਰਮਾਨੇ ਕੀਤੇ ਜਾਣਗੇ ਤੇ ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਾਤਾਵਰਨ ਨੂੰ ਪ੍ਰਦੂਸ਼ਿਤ ਕਰਨ ਵਾਲੇ ਕਿਸਾਨਾਂ ਦੇ ਬਿਜਲੀ ਕੁਨੈਕਸ਼ਨ ਕੱਟਣ ਤੇ ਵੀ ਵਿਚਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਨੂੰ ਮਨੁੱਖਤਾ ਦੇ ਭਲੇ, ਵਾਤਾਵਰਨ ਦੀ ਸੰਭਾਲ ਲਈ ਕਣਕ ਦੇ ਨਾੜ/ਰਹਿੰਦ ਖੂੰਹਦ ਨੂੰ ਅੱਗ ਨਹੀਂ ਲਗਾਉਣੀ ਚਾਹੀਦੀ।

Dispatch No. I/24356/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਟਿੱਡੀ ਦਲ ਦੇ ਸੰਭਾਵੀਂ ਹਮਲੇ ਦੀ ਰੋਕਥਾਮ ਲਈ ਤਿਆਰੀ ਸਬੰਧੀ ਮੀਟਿੰਗ

ਕਿਸਾਨ ਆਪਣੇ ਖੇਤਾਂ ਦਾ ਸਮੇਂ ਸਮੇਂ ਸਰਵੇ ਕਰਦੇ ਰਹਿਣ-ਡਾ. ਰੋਡੇ

ਫਰੀਦਕੋਟ 13 ਮਈ ( ) ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਡਾ. ਹਰਨੇਕ ਸਿੰਘ ਰੋਡੇ, ਮੁੱਖ ਖੇਤੀਬਾੜੀ ਅਫਸਰ ਫਰੀਦਕੋਟ ਦੀ ਪ੍ਰਧਾਨਗੀ ਹੇਠ ਜਿਲ੍ਹਾ ਫਰੀਦਕੋਟ ਵਿੱਚ ਟਿੱਡੀ ਦਲ ਦੇ ਸੰਭਾਵੀਂ ਹਮਲੇ ਨੂੰ ਰੋਕਣ ਲਈ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਅਤੇ ਇਸ ਸੰਭਾਵੀਂ ਹਮਲੇ ਨੂੰ ਰੋਕਣ ਲਈ ਸਹਿਯੋਗੀ ਵਿਭਾਗ ਜਿਵੇਂ ਕਿ ਬਾਗਬਾਨੀ ਵਿਭਾਗ, ਵਣ ਵਿਭਾਗ, ਕ੍ਰਿਸੀ ਵਿਗਿਆਨ, ਉਪ ਰਜਿਸਟਰਾਰ ਸਹਿਕਾਰੀ ਸਭਾਵਨਾ ਅਤੇ ਨਗਰ ਕੌਂਸਲ ਫਰੀਦਕੋਟ ਦੇ ਅਧਿਕਾਰੀਆਂ/ਨੁਮਾਇੰਦਿਆਂ ਨਾਲ ਅਹਿਮ ਮੀਟਿੰਗ ਹੋਈ।

ਮੀਟਿੰਗ ਵਿੱਚ ਮੁੱਖ ਖੇਤੀਬਾੜੀ ਅਫਸਰ ਡਾ. ਰੋਡੇ ਨੇ ਵੱਖ ਵੱਖ ਵਿਭਾਗਾਂ ਦੇ ਹਾਜ਼ਰ ਅਧਿਕਾਰੀਆਂ ਨੂੰ ਜਿਲ੍ਹਾ ਫਰੀਦਕੋਟ ਵਿੱਚ ਟਿੱਡੀ ਦਲ ਦੇ ਸੰਭਾਵੀਂ ਹਮਲੇ ਦੀ ਰੋਕਥਾਮ ਲਈ ਆਪਸੀ ਸਹਿਯੋਗ ਅਤੇ ਕਿਸਾਨਾਂ ਨੂੰ ਜਾਗਰੂਕ ਕਰਨ ਦੀ ਅਪੀਲ ਕੀਤੀ। ਉਨ੍ਹਾਂ ਵੱਲੋਂ ਇਸ ਅਹਿਮ ਕੰਮ ਵਿੱਚ ਐਨ.ਜੀ.ਓ. ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਨਾਲ ਲੈਣ ਦੀ ਹਦਾਇਤ ਕੀਤੀ ਉਨ੍ਹਾਂ ਬਲਾਕ ਖੇਤੀਬਾੜੀ ਅਫਸਰ ਫਰੀਦਕੋਟ ਅਤੇ ਕੋਟਕਪੂਰਾ ਨੂੰ ਟਿੱਡੀ ਦਲ ਦੀ ਰੋਕਥਾਮ ਲਈ ਲੋੜੀਂਦੇ ਕੀਟਨਾਸ਼ਕਾਂ ਦੀ ਮੌਜੂਦਗੀ ਨਿਸਚਿਤ ਕਰਨ ਲਈ ਕਿਹਾ ਗਿਆ ਤਾਂ ਜੋ ਲੋੜ ਪੈਣ ਤੇ ਇਸ ਦਾ ਇਸਤੇਮਾਲ ਕੀਤਾ ਜਾ ਸਕੇ। ਇਸ ਦੇ ਨਾਲ ਹੀ ਉਨ੍ਹਾਂ ਫਾਇਰ ਬ੍ਰਿਗੇਡ ਫਰੀਦਕੋਟ ਅਤੇ ਕੋਟਕਪੂਰਾ ਨੂੰ ਹਮਲੇ ਦੀ ਰੋਕਥਾਮ ਲਈ ਗੱਡੀਆਂ ਦੀ ਵਰਤੋਂ ਕਰਨ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ।

ਉਨ੍ਹਾਂ ਕਿਹਾ ਕਿ ਇਸ ਸਬੰਧੀ ਅਗਲੀ ਮੀਟਿੰਗ ਬਲਾਕ ਫਰੀਦਕੋਟ ਦੇ ਸਾਦਿਕ ਸਰਕਲ ਵਿੱਚ ਅਗਲੇ ਹਫਤੇ ਕੀਤੀ ਜਾ ਰਹੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨਾਂ ਪਾਸ ਮੌਜੂਦ ਪਾਵਰ ਸਪਰੇਆਂ ਨੂੰ ਵਰਤੋਂ ਯੋਗ ਹਾਲਤ ਵਿੱਚ ਕਰ ਕੇ ਰੱਖਣ ਤਾਂ ਜੋ ਲੋੜ ਪੈਣ ਤੇ ਇਨ੍ਹਾਂ ਦੀ ਵਰਤੋਂ ਕੀਤੀ ਜਾ ਸਕੇ। ਇਸ ਤੋਂ ਇਲਾਵਾ ਕਿਸਾਨਾਂ ਨੂੰ ਇਹ ਵੀ ਬੇਨਤੀ ਕੀਤੀ ਕਿ ਉਹ ਆਪਣੇ ਖੇਤਾਂ ਦਾ ਨਿਰੰਤਰ ਸਰਵੇਖਣ ਕਰਦੇ ਰਹਿਣ ਅਤੇ ਜੇਕਰ ਉਨ੍ਹਾਂ ਨੂੰ ਕਿਸੇ ਜਗ੍ਹਾ ਉੱਪਰ ਟਿੱਡੀ ਦਲ ਦਾ ਹਮਲਾ ਮਿਲਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਖੇਤੀਬਾੜੀ ਵਿਭਾਗ ਦੇ ਸਬੰਧਤ ਬਲਾਕ ਨੂੰ ਦਿੱਤੀ ਜਾਵੇ।ਇਸ ਤੋਂ ਇਲਾਵਾ ਉਨ੍ਹਾਂ ਹਾਜ਼ਰ ਸਮੂਹ ਵਿਭਾਗਾਂ ਨੂੰ ਪਿੰਡਾਂ ਵਿੱਚ ਸਥਿਤ ਗੁਰਦੁਆਰਾ ਸਾਹਿਬ ਰਾਹੀਂ ਵੀ ਲਗਾਤਾਰ ਅਨਾਊਂਸਮੈਂਟ ਕਰਾਉਣ ਲਈ ਕਿਹਾ ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪੈਫਲੇਟ ਛਪਵਾ ਕੇ ਕਿਸਾਨਾਂ ਨੂੰ ਵੰਡੇ ਜਾਣਗੇ ਤਾਂ ਜੋ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਸਕੇ।

Dispatch No.I/24359/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਡਿਪਟੀ ਕਮਿਸ਼ਨਰ ਨੇ 19 ਕਸ਼ਮੀਰੀਆਂ ਨੂੰ ਘਰ ਸੁਰੱਖਿਅਤ ਵਾਪਸ ਪਹੁੰਚਾਉਣ ਲਈ ਵਿਸ਼ੇਸ਼ ਬੱਸ ਭੇਜੀ

ਜੈਪੁਰ ਤੋਂ ਪੈਦਲ ਚੱਲ ਕੇ ਫਰੀਦਕੋਟ ਪਹੁੰਚੇ ਸਨ ਇਹ ਕਸ਼ਮੀਰੀ ਲੋਕ

ਕਸ਼ਮੀਰ ਦੇ ਲੋਕਾਂ ਨੇ ਵਧੀਆ ਰਿਹਾਇਸ਼, ਖਾਣੇ ਅਤੇ ਬੱਸ ਦੀ ਸਹੂਲਤ ਲਈ ਪੰਜਾਬ ਸਰਕਾਰ/ਜਿਲ੍ਹਾ ਪ੍ਰਸ਼ਾਸਨ ਦਾ ਕੀਤਾ ਧੰਨਵਾਦ

ਫ਼ਰੀਦਕੋਟ ,13 ਮਈ (    )-ਕਰੋਨਾ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ ਲੱਗੇ ਕਰਫ਼ਿਊ ਤਹਿਤ ਫ਼ਰੀਦਕੋਟ ਵਿੱਚ ਫਸੇ ਦੂਜੇ ਰਾਜਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਗ੍ਰਹਿ ਰਾਜ ਵਿੱਚ ਸੁਰੱਖਿਅਤ ਵਾਪਸ ਪਹੁੰਚਾਉਣ ਲਈ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਫ਼ਰੀਦਕੋਟ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਹੁਣ ਤੱਕ ਝਾਰਖੰਡ, ਉੱਤਰਾਖੰਡ ,ਰਾਜਸਥਾਨ ਸਮੇਤ ਕਈ ਰਾਜਾਂ ਦੇ ਵਸਨੀਕਾਂ ਨੂੰ ਉਨ੍ਹਾਂ ਦੇ ਘਰ ਸੁਰੱਖਿਅਤ ਵਾਪਸ ਪਹੁੰਚਾਇਆ ਗਿਆ ਹੈ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੱਸਾਂ, ਰੇਲਗੱਡੀਆਂ ਅਤੇ ਸਫਰ ਦੌਰਾਨ ਉਨ੍ਹਾਂ ਦੇ ਖਾਣੇ ਲਈ ਵੀ ਖਾਸ ਪ੍ਰਬੰਧ ਕੀਤੇ ਜਾ ਰਹੇ ਹਨ !

ਐਸ.ਡੀ.ਐਮ ਜੈਤੋ ਡਾ. ਮਨਦੀਪ ਕੌਰ ਨੇ ਦੱਸਿਆ ਕਿ ਬੀਤੇ ਐਤਵਾਰ ਕਸ਼ਮੀਰ ਨਾਲ ਸਬੰਧਤ 19 ਲੋਕ ਰਾਜਸਥਾਨ ਦੇ ਜੈਪੁਰ ਤੋਂ ਪੈਦਲ ਚੱਲ ਕੇ ਜੰਮੂ ਕਸ਼ਮੀਰ ਜਾ ਰਹੇ ਸਨ ਅਤੇ ਜਦੋਂ ਉਨ੍ਹਾਂ ਨੇ ਜੈਤੋ ਵਿੱਚ ਪ੍ਰਵੇਸ਼ ਕੀਤਾ ਤਾਂ ਇਸ ਦੀ ਸੂਚਨਾ ਡਿਪਟੀ ਕਮਿਸ਼ਨਰ ਸ਼੍ਰੀ ਕੁਮਾਰ ਸੌਰਭ ਰਾਜ ਨੂੰ ਦਿੱਤੀ ਗਈ ।ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਅਨੁਸਾਰ ਇਨ੍ਹਾਂ ਕਸ਼ਮੀਰੀਆਂ ਨੂੰ ਬਾਜਾਖਾਨਾ ਦੇ ਹੰਸ ਰਾਜ ਮੈਮੋਰੀਅਲ ਸਕੂਲ ਵਿਖੇ ਲਿਆਂਦਾ ਗਿਆ ਜਿੱਥੇ ਇਨ੍ਹਾਂ ਦੀ ਸਿਹਤ ਜਾਂਚ ਮਗਰੋਂ ਇਨ੍ਹਾਂ ਨੂੰ ਖਾਣਾ ਰਿਹਾਇਸ਼ ਅਤੇ ਹੋਰ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਅਤੇ ਇਨ੍ਹਾਂ ਨੂੰ ਇਥੇ ਤਿੰਨ ਦਿਨ ਰੱਖਿਆ ਗਿਆ।

ਐਸ.ਡੀ.ਐਮ ਡਾ. ਮਨਦੀਪ ਕੌਰ ਨੇ ਅੱਗੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਲਖਨਪੁਰ ਦੇ ਡਿਪਟੀ ਕਮਿਸ਼ਨਰ ਨਾਲ ਇਸ ਸਬੰਧੀ ਰਾਬਤਾ ਕੀਤਾ ਗਿਆ ਅਤੇ ਇਸ ਉਪਰੰਤ ਇਨ੍ਹਾਂ ਕਸ਼ਮੀਰੀਆਂ ਨੂੰ ਉਨ੍ਹਾਂ ਦੇ ਘਰ ਵਾਪਸ ਸੁਰੱਖਿਅਤ ਪਹੁੰਚਾਉਣ ਲਈ ਪੀ.ਆਰ.ਟੀ.ਸੀ ਦੀ ਵਿਸ਼ੇਸ਼ ਬੱਸ ਦਾ ਪ੍ਰਬੰਧ ਕੀਤਾ ਗਿਆ ਅਤੇ ਅੱਜ ਇਨ੍ਹਾਂ ਨੂੰ ਬਾਜਾਖਾਨਾ ਵਿਖੇ ਦੋ ਵਕਤ ਦਾ ਖਾਣਾ ਅਤੇ ਹੋਰ ਜ਼ਰੂਰੀ ਸਾਮਾਨ ਨਾਲ ਦੇਖ ਕੇ ਜੰਮੂ ਕਸ਼ਮੀਰ ਲਈ ਰਵਾਨਾ ਕੀਤਾ ਗਿਆ ।ਇਸ ਤੋਂ ਪਹਿਲਾਂ ਸਾਰੇ ਯਾਤਰੀਆਂ ਦੀ ਥਰਮਲ ਸਕਰੀਨਿੰਗ ਕਰਵਾਈ ਗਈ।

ਇਸ ਮੌਕੇ ਜੰਮੂ ਕਸ਼ਮੀਰ ਵਾਪਸ ਪਰਤ ਰਹੇ ਇਨ੍ਹਾਂ ਲੋਕਾਂ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਕੋਲ ਵਾਪਸ ਜਾਣ ਲਈ ਕੋਈ ਸਾਧਨ ਨਹੀਂ ਸੀ, ਪਰ ਡਿਪਟੀ ਕਮਿਸ਼ਨਰ ਫ਼ਰੀਦਕੋਟ ਵੱਲੋਂ ਜਿੱਥੇ ਉਨ੍ਹਾਂ ਨੂੰ ਤਿੰਨ ਦਿਨ ਬਹੁਤ ਵਧੀਆ ਠਹਿਰਾਇਆ ਗਿਆ ਅਤੇ ਖਾਣਾ ਤੇ ਹੋਰ ਸਹੂਲਤਾਂ ਦਿੱਤੀਆਂ ਗਈਆਂ, ਉੱਥੇ ਉਨ੍ਹਾਂ ਵੱਲੋਂ ਅੱਜ ਵਿਸ਼ੇਸ਼ ਬੱਸ ਰਾਹੀਂ ਉਨ੍ਹਾਂ ਨੂੰ ਘਰ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਇਸ ਉਪਰਾਲੇ ਲਈ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਅਹਿਸਾਨ ਨੂੰ ਹਮੇਸ਼ਾ ਯਾਦ ਰੱਖਣਗੇ।

Dispatch No. I/24390/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹਾ ਮੈਜਿਸਟ੍ਰੇਟ ਵੱਲੋਂ ਸ਼ਟੇਸ਼ਨਰੀ ਸਟੋਰ ਅਤੇ ਕਿਤਾਬਾਂ ਦੀਆਂ ਦੁਕਾਨਾਂ ਖੋਲ੍ਹਣ ਦੀ ਪ੍ਰਵਾਨਗੀ

ਸਵੇਰੇ 7 ਤੋਂ ਦੁਪਹਿਰ 3 ਵਜੇ ਤੱਕ ਖੁੱਲ੍ਹਣਗੀਆਂ ਦੁਕਾਨਾਂ-ਕੁਮਾਰ ਸੌਰਭ ਰਾਜ

ਫਰੀਦਕੋਟ 13 ਮਈ ( ) ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ ਨੇ ਜਿਲ੍ਹੇ ਵਿੱਚ 23 ਮਾਰਚ 2020 ਤੋਂ ਕਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕਰਫਿਊ ਦੀ ਲਗਾਤਾਰਾਂ ਦੇ ਵਿੱਚ ਜਿਲ੍ਹੇ ਦੇ ਸਟੇਸ਼ਨਰੀ ਸਟੋਰ ਅਤੇ ਕਿਤਾਬਾਂ ਦੀਆਂ ਦੁਕਾਨਾਂ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਹੈ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਉਨ੍ਹਾਂ ਦੇ ਹੁਕਮ ਨੰਬਰ 421 ਮਿਤੀ 6 ਮਈ 2020 ਰਾਹੀਂ ਜਿਲ੍ਹੇ ਦੀਆਂ ਵੱਖ ਵੱਖ ਕੈਟਾਗਰੀ ਦੀਆਂ ਦੁਕਾਨਾਂ ਨੂੰ ਜੋਨ ਵਾਈਜ਼ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਗਈ ਸੀ।ਉਨ੍ਹਾਂ ਕਿਹਾ ਕਿ ਬੁੱਕ ਸੈਲਰਜ਼ ਯੂਨੀਅਨ ਵੱਲੋਂ ਕੀਤੀ ਦਰਖਾਸਤ ਵਿਚਾਰਨ ਤੋਂ ਬਾਅਦ ਜਿਲ੍ਹਾ ਫਰੀਦਕੋਟ ਵਿੱਚ ਸਟੇਸ਼ਨਰੀ ਸਟੋਰ ਅਤੇ ਕਿਤਾਬਾਂ ਦੀਆਂ ਦੁਕਾਨਾਂ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ (ਹਰੇਕ ਏਰੀਆਂ ਵਿੱਚ) ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਦੁਕਾਨ ਮਾਲਕ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਕੋਵਿਡ 19 ਸਬੰਧੀ ਸਮੇਂ ਸਮੇਂ ਜਾਰੀ ਹਦਾਇਤਾਂ ਦੀ ਪਾਲਣਾ ਕਰਨਗੇ ਅਤੇ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਹ ਹੁਕਮ ਲਾਕਡਾਊਨ/ਕਰਫਿਊ ਦੌਰਾਨ ਲਾਗੂ ਰਹਿਣਗੇ।

Dispatch No. I/24411/2020

ਦਫਤਰ ਜਿਲਾ ਲੋਕ ਸੰਪਰਕ ਅਫਸਰ ਫਰੀਦਕੋਟ

ਕਰੋਨਾ ਟੈਸਟ ਨੈਗਟਿਵ ਆਉਣ ਉਪਰੰਤ ਜੈਤੋ ਦੇ ਇਕਾਂਤਵਾਸ ਕੇਂਦਰਾਂ ਤੋਂ ਹੋਰ 157 ਲੋਕ ਘਰ ਪਹੁੰਚੇ

ਲੋਕਾਂ ਵੱਲੋਂ ਵਧੀਆ ਪ੍ਰਬੰਧਾਂ ਲਈ ਜਿਲਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ

ਜਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਲੋਕਾਂ ਨੂੰ 14 ਦਿਨ ਹੋਰ ਘਰਾਂ ਵਿੱਚ ਇਕਾਂਤਵਾਸ ਰਹਿਣ ਦੀ ਹਦਾਇਤ

ਜੈਤੋ/ਫਰੀਦਕੋਟ ,13 ਮਈ (          )-

ਕਰੋਨਾ ਮਹਾਂਮਾਰੀ ਕਾਰਨ ਲੱਗੇ ਕਰਫਿਊ /ਲਾਕਡਾਊਨ ਕਾਰਨ ਰਾਜਸਥਾਨ ਤੇ ਹੋਰ ਸੂਬਿਆਂ ਦੇ ਵੱਖ ਵੱਖ ਥਾਵਾਂ ਤੇ ਫਸੇ ਲੋਕਾਂ ਨੂੰ ਪੰਜਾਬ ਸਰਕਾਰ ਦੇ ਆਦੇਸਾਂ ਅਨੁਸਾਰ ਜਿਲਾ ਪ੍ਰਸਾਸਨ ਵੱਲੋਂ ਫਰੀਦਕੋਟ ਵਾਪਸ ਲਿਆਂਦਾ ਗਿਆ ਅਤੇ ਇਨਾਂ ਨੂੰ ਇਤਿਹਾਤ ਵਜੋਂ ਇਕਾਂਤਵਾਸ ਕੇਂਦਰ ਜੈਤੋ ਵਿੱਚ ਰੱਖਿਆ ਗਿਆ ਸੀ।ਇਨ੍ਹਾਂ ਵਿਚੋਂ ਜਿਆਦਾਤਰ ਲੋਕ ਰਾਜਸਥਾਨ ਵਿੱਚ ਮਜ਼ਦੂਰੀ ਕਰਨ ਗਏ ਸਨ ਤੇ ਕਰਫਿਊ ਦੌਰਾਨ ਉੱਥੇ ਫਸ ਗਏ ਸਨ।ਇਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਬੱਸਾਂ ਭੇਜ ਕੇ ਵਾਪਸ ਲਿਆਉਣ ਉਪਰੰਤ ਮੈਡੀਕਲ ਜਾਂਚ ਕੀਤੀ ਗਈ ਅਤੇ ਕਰੋਨਾ ਜਾਂਚ ਲਈ ਇਨ੍ਹਾਂ ਦੇ ਸੈਂਪਲ ਲੈ ਕੇ ਇਨ੍ਹਾਂ ਨੂੰ ਜਿਲ੍ਹੇ ਦੇ ਵੱਖ ਵੱਖ ਕੇਂਦਰਾਂ ਵਿੱਚ ਇਕਾਂਤਵਾਸ ਕੀਤਾ ਗਿਆ ਸੀ।

ਐਸਡੀਐਮ ਜੈਤੋ ਡਾ. ਮਨਦੀਪ ਕੌਰ ਨੇ ਦੱਸਿਆ ਕਿ ਜੈਤੋ ਦੇ ਡੀ.ਏ.ਵੀ. ਪਬਲਿਕ ਸਕੂਲ ਜੈਤੋ, ਸਰਸਵਤੀ ਜੀਨੀਅਸ ਸਕੂਲ ਜੈਤ ਅਤੇ ਸਰਵਹਿੱਤਕਾਰੀ ਵਿੱਦਿਆ ਮੰਦਰ ਜੈਤੋ ਵਿਖੇ ਇਨਾਂ ਲੋਕਾਂ ਦੀ ਰਿਹਾਇਸ਼ , ਸੁੱਖ ਸਹੂਲਤ ,ਖਾਣੇ ਆਦਿ ਲਈ ਵਿਸੇਸ ਪ੍ਰਬੰਧ ਕੀਤੇ ਗਏ ਸਨ ਅਤੇ ਸਿਹਤ ਵਿਭਾਗ ਵੱਲੋਂ ਇਨਾਂ ਦੀ ਸਿਹਤ ਜਾਂਚ ਮਗਰੋਂ ਇਨਾਂ ਦੇ ਸੈਂਪਲ ਲਏ ਗਏ ਸਨ। ਉਨਾਂ ਦੱਸਿਆ ਕਿ ਸੈਂਪਲਾਂ ਦੀ ਰਿਪੋਰਟ ਪ੍ਰਾਪਤ ਉਪਰੰਤ ਇਥੋਂ ਦੇ 157 ਲੋਕਾਂ ਦੇ ਕਰੋਨਾ ਸੈਂਪਲ ਨੈਗਟਿਵ ਆਏ ਹਨ। ਉਨਾਂ ਕਿਹਾ ਕਿ ਇਨਾਂ ਲੋਕਾਂ ਦੀ ਅੱਜ ਸਿਹਤ ਜਾਂਚ ਤੋਂ ਬਾਅਦ ਇਨਾਂ ਨੂੰ ਆਪਣੇ ਆਪਣੇ ਘਰ ਜਾਣ ਦੀ ਇਜਾਜ਼ਤ ਦਿੱਤੀ ਗਈ ਹੈ ਉਨਾਂ ਦੱਸਿਆ ਕਿ ਇਹ ਸਾਰੇ ਲੋਕ ਸਿਹਤ ਵਿਭਾਗ ਦੇ ਨਿਰਦੇਸਾਂ ਅਤੇ ਗਾਈਡ ਲਾਈਨ ਅਨੁਸਾਰ 14 ਦਿਨ ਆਪਣੇ ਘਰਾਂ ਵਿੱਚ ਇਕਾਂਤਵਾਸ ਰਹਿਣਗੇ ਅਤੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਮੇਂ ਸਮੇਂ ਤੇ ਇਨਾਂ ਦੀ ਸਿਹਤ ਜਾਂਚ ਕੀਤੀ ਜਾਵੇਗੀ। ਇਸ ਮੌਕੇ ਇਕਾਂਤਵਾਸ ਕੇਂਦਰ ਤੋਂ ਵਾਪਸ ਘਰ ਨੂੰ ਜਾ ਰਹੇ ਲੋਕਾਂ ਨੇ ਵਧੀਆ ਸੇਵਾਵਾਂ ਦੇਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

Dispatch No. I/24416/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਸ੍ਰੀ ਹਜ਼ੂਰ ਸਾਹਿਬ ਤੋਂ ਪਰਤੀ 1 ਸ਼ਰਧਾਲੂ ਨੇ ਕੋਰੋਨਾ ਨੂੰ ਹਰਾਇਆ ਮਿਲੀ ਮੈਡੀਕਲ ਤੋਂ ਛੁੱਟੀ

ਫਰੀਦਕੋਟ ਜ਼ਿਲੇ ਚੋਂ ਕੋਰੋਨਾ ਦੀ ਜਾਂਚ ਲਈ ਭੇਜੇ 80 ਸੈਂਪਲ ਪ੍ਰਾਪਤ ਹੋਈਆਂ 84 ਰਿਪੋਰਟਾਂ ਨੈਗੇਟਿਵ

329 ਸੈਂਪਲਾਂ ਦੇ ਰਿਪੋਰਟਾਂ ਦੀ ਹੈ ਉਡੀਕ

ਫਰੀਦਕੋਟ 13 ਮਈ ( ) ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕੇ 80 ਹੋਰ ਵਿਅਕਤੀਆਂ ਦੇ ਸੈਂਪਲ ਇਕੱਤਰ ਕਰਕੇ ਲੈਬ ਵਿੱਚ ਭੇਜੇ ਗਏ ਹਨ।ਪ੍ਰਾਪਤ ਹੋਈਆਂ 84 ਵਿਅਕਤੀਆਂ ਦੀ ਰਿਪੋਰਟ ਨੈਗੇਟਿਵ ਆਈਆਂ ਹਨ।ਡਾ.ਰਜਿੰਦਰ ਨੇ ਦੱਸਿਆ ਕਿ ਅੱਜ ਤੱਕ ਸਿਹਤ ਵਿਭਾਗ ਵੱਲੋਂ 3044 ਸੈਂਪਲ ਇਕਤਰ ਕੀਤੇ ਗਏ ਹਨ,ਜਿੰਨਾਂ ਵਿੱਚੋਂ 2612 ਦੀ ਰਿਪੋਰਟ ਨੈਗੇਟਿਵ ਆਈ ਹੈ।ਸ੍ਰੀ ਹਜ਼ੂਰ ਸਾਹਿਬ ਤੋਂ ਪਰਤੀ 1 ਪਿੰਡ ਸੰਧਵਾ ਦੀ ਸ਼ਰਧਾਲੂ ਔਰਤ ਨੇ ਕੋਰੋਨਾ ਨੂੰ ਮਾਤ ਦੇ ਦਿੱਤੀ ਹੈ ਤੇ ਉਸਨੂੰ ਮੈਡੀਕਲ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ।ਹੁਣ ਫਰੀਦਕੋਟ ਐਕਟਿਵ ਮਰੀਜ਼ਾਂ ਦੀ ਗਿਣਤੀ 42 ਰਹਿ ਗਈ ਹੈ।41 ਮਰੀਜ਼ ਸਥਾਨਕ ਜੀ.ਜੀ.ਐਸ ਮੈਡੀਕਲ ਹਸਪਤਾਲ ਫਰੀਦਕੋਟ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਜੇਰੇ ਇਲਾਜ ਹਨ।ਡਾ.ਰਜਿੰਦਰ ਨੇ ਕਿਹਾ ਕਿ ਸਿਹਤ ਮੰਤਰੀ ਬਲਵੀਰ ਸਿੰਘ ਸਿੱਧੂ ਅਤੇ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲੇ ਅੰਦਰ ਸਿਹਤ ਵਿਭਾਗ ਵੱਲੋਂ ਕੋਵਿਡ-19 ਦੇ ਸਬੰਧ ਵਿਚ ਸ਼ੱਕੀ ਮਰੀਜ਼ਾਂ ਦੀ ਭਾਲ ਲਈ ਸਰਵੇ ਅਤੇ ਸਕਰੀਨਿੰਗ ਕੀਤੀ ਜਾ ਰਹੀ ਹੈ। ਸਥਾਪਿਤ ਫਲੂ ਕਾਰਨਰ ਅਤੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦੇ ਸੰਪਰਕ ਵਿੱਚ ਆਏ ਵਿਅਕਤੀਆਂ ਦੇ ਸੈਂਪਲ ਇਕੱਤਰ ਕਰਨ ਦਾ ਕੰਮ ਚੱਲ ਰਿਹਾ ਹੈ।ਬਾਹਰਲੇ ਸੂਬੇ ਤੋਂ ਆਏ ਵਿਅਕਤੀਆਂ ਲਈ ਵਿਸ਼ੇਸ਼ ਇਕਾਂਤਵਾਸ ਸੈਂਟਰਾਂ ਵਿੱਚ ਰਹਿਣ,ਖਾਣ-ਪੀਣ, ਮੈਡੀਕਲ ਜਾਂਚ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਇਹਨਾਂ ਪ੍ਰਬੰਧਾਂ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਵੀ ਲਗਾਈ ਗਈ ਹੈ।ਕੋਵਿਡ-19 ਦੇ ਜ਼ਿਲ੍ਹਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਕੋਵਿਡ-19 ਦੀ ਜੰਗ ਵਿੱਚ ਸ਼ਾਨਦਾਰ ਸੇਵਾਵਾਂ ਨਿਭਾ ਰਹੇ ਮੈਡੀਕਲ,ਪੈਰਾ-ਮੈਡੀਕਲ ਅਤੇ ਮਾਸ ਮੀਡੀਆ ਸਟਾਫ ਨੂੰ ਹੌਸਲਾ ਦਿੰਦਿਆਂ ਆਪਣੀ ਸੁਰੱਖਿਆ ਰੱਖਣ ਅਤੇ ਸਾਵਧਾਨੀਆਂ ਵਰਤਣ ਦੀ ਅਪੀਲ ਵੀ ਕੀਤੀ।